# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :28-05-2026**

ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਜ Eid-ul-Azha ਦਾ ਤਿਉਹਾਰ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਸ ਤਿਉਹਾਰ ਨੂੰ ਬਕਰੀਦ ਵੀ ਕਿਹਾ ਜਾਂਦਾ ਏ। ਸਵੇਰੇ ਈਦਗਾਹਾਂ ਅਤੇ ਮਸਜਿਦਾਂ ਵਿੱਚ ਈਦ ਦੀ ਨਮਾਜ਼ ਅਤਾ ਕੀਤੀ ਗਈ। ਬਾਅਦ ਵਿੱਚ, ਲੋਕਾਂ ਨੇ ਇੱਕ ਦੂਜੇ ਨੂੰ ਗਲੇ ਮਿਲ ਕੇ, ਈਦ ਦੀਆਂ ਮੁਬਾਰਕਾਂ ਦਿੱਤੀਆਂ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ Eid-ul-Azha ਦੇ ਮੌਕੇ 'ਤੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇਧਰ ਪੰਜਾਬ ਵਿਚ ਸ਼ਰਧਾਲੂ ਫਤਿਹਗੜ੍ਹ ਸਾਹਿਬ ਦੇ ਰੋਜਾ ਸ਼ਰੀਫ, ਅੰਮ੍ਰਿਤਸਰ ਵਿਖੇ ਜਾਮਾ ਮਸਜਿਦ ਹਾਲ ਖੈਰਦੀਨ, ਮਾਲੇਰਕੋਟਲਾ, ਲੁਧਿਆਣਾ, ਜਲੰਧਰ ਅਤੇ ਹੋਰ ਕਈ ਥਾਵਾਂ 'ਤੇ ਮਸਜਿਦਾਂ ਅਤੇ ਈਦਗਾਹਾਂ ਵਿੱਚ ਨਮਾਜ਼ ਅਤਾ ਕਰ ਰਹੇ ਨੇ ਅਤੇ ਪਰਿਵਾਰਕ ਮੈਂਬਰਾਂ, ਦੋਸਤਾਂ ਅਤੇ ਗੁਆਂਢੀਆਂ ਨਾਲ ਵਧਾਈਆਂ ਸਾਂਝੀਆਂ ਕਰ ਰਹੇ ਨੇ। ਸ਼ਰਧਾਲੂਆਂ ਨੇ ਕਿਹਾ ਕਿ ਇਹ

ਤਿਉਹਾਰ ਭਾਈਚਾਰਕ ਸਾਂਝ, ਫਿਰਕੂ ਸਦਭਾਵਨਾ ਅਤੇ ਸ਼ਾਂਤੀਪੂਰਨ ਸਹਿ-ਹੋਂਦ ਦਾ ਸੰਦੇਸ਼ ਦਿੰਦਾ ਏ।

---------------------------------------------------------

ਭਾਰਤੀ ਜਨਤਾ ਪਾਰਟੀ ਦੇ ਪੰਜਾਬ ਤੋਂ ਆਗੂ ਕੇਵਲ ਸਿੰਘ ਢਿੱਲੋਂ ਨੂੰ ਅੱਜ ਪਾਰਟੀ ਦੀ ਪੰਜਾਬ ਇਕਾਈ ਦਾ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ ਏ। ਉਨ੍ਹਾਂ ਨੂੰ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬਿਨ ਨੇ ਪੰਜਾਬ ਇਕਾਈ ਦਾ ਚਾਰਜ ਸੌਂਪਿਆ ਏ। ਬਰਨਾਲਾ ਦੇ ਸਾਬਕਾ ਵਿਧਾਇਕ ਸ੍ਰੀ ਢਿੱਲੋਂ ਦਾ ਜਨਮ ਬਰਨਾਲਾ ਦੇ ਪਿੰਡ ਟੱਲੇਵਾਲ ਵਿੱਚ ਹੋਇਆ ਸੀ। ਉਨ੍ਹਾਂ ਨੇ 2007 ਤੋਂ 2017 ਤੱਕ ਇੱਥੋਂ ਵਿਧਾਇਕ ਵਜੋਂ ਸੇਵਾਵਾਂ ਨਿਭਾਈਆਂ। ਬਾਅਦ ਵਿੱਚ, ਉਹ ਜੂਨ 2022 ਵਿੱਚ ਭਾਜਪਾ ਵਿੱਚ ਸ਼ਾਮਲ ਹੋਏ ਅਤੇ ਉਨ੍ਹਾਂ ਨੂੰ ਪੰਜਾਬ ਇਕਾਈ ਦਾ ਉਪ-ਪ੍ਰਧਾਨ ਨਿਯੁਕਤ ਕਰ ਦਿੱਤਾ ਗਿਆ। ਇਸ ਦੌਰਾਨ, ਪਾਰਟੀ ਸੂਤਰਾਂ ਨੇ ਦੱਸਿਆ ਕਿ ਮੌਜੂਦਾ ਪ੍ਰਧਾਨ ਸੁਨੀਲ ਜਾਖੜ ਦਾ ਤਿੰਨ ਸਾਲਾਂ ਦਾ ਕਾਰਜਕਾਲ ਇਸ ਸਾਲ ਜੁਲਾਈ ਵਿੱਚ ਖਤਮ ਹੋ ਰਿਹਾ ਏ ਅਤੇ ਉਹ ਪੰਜਾਬ ਵਿੱਚ ਪਾਰਟੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਰਹਿਣਗੇ। ਇਸੇ ਦੌਰਾਨ ਸੁਨੀਲ ਜਾਖੜ ਨੇ ਸ੍ਰੀ ਢਿੱਲੋਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਪੰਜਾਬ ਭਾਜਪਾ ਦੇ ਪ੍ਰਧਾਨ ਵਜੋਂ ਸੇਵਾਵਾਂ ਦੇਣੀਆਂ ਉਨ੍ਹਾਂ ਲਈ ਬਹੁਤ ਹੀ ਮਾਣ ਅਤੇ ਜ਼ਿੰਮੇਵਾਰੀ ਵਾਲੀ ਗੱਲ ਰਹੀ ਏ।

---

ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੰਭਾਲ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੌਜੂਦਾ ਸਾਲ ਦੇ ਪਹਿਲੇ ਪੰਜ ਮਹੀਨਿਆਂ ਵਿੱਚ ਛੱਤਬੀੜ ਚਿੜੀਆਘਰ ਵਿਖੇ 2 ਲੱਖ 31 ਹਜ਼ਾਰ 930 ਸੈਲਾਨੀਆਂ ਦੀ ਆਮਦ ਦਰਜ ਕੀਤੀ ਗਈ ਏ, ਜੋ ਸੂਬਾ ਸਰਕਾਰ ਦੇ ਜੰਗਲੀ ਜੀਵ ਸੰਭਾਲ ਦੀ ਦਿਸਾ ਵਿੱਚ ਕੀਤੇ ਗਏ ਯਤਨਾਂ ਨੂੰ ਦਰਸਾਉਂਦਾ ਏ। ਚਿੜੀਆਘਰ ਵਿਖੇ ਕੀਤੀਆਂ ਗਈਆਂ ਜੰਗਲਾਤ ਤੇ ਜੰਗਲੀ ਜੀਵ ਸੰਭਾਲ-ਕੇਂਦ੍ਰਿਤ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਛਤਬੀੜ ਦੇਸ਼ ਦਾ ਸਭ ਤੋਂ ਵੱਡਾ ਅਤੇ ਸਭ ਤੋਂ ਲੰਬਾ ਵਾਕ-ਇਨ ਐਵੀਅਰੀ (ਯਾਨੀ ਪੰਛੀਘਰ) ਆਕਰਸ਼ਣ ਦਾ ਇੱਕ ਵੱਡਾ ਕੇਂਦਰ ਬਣ ਗਿਆ ਏ। ਇਸ ਦੇ ਨਾਲ ਹੀ ਸੈਲਾਨੀਆਂ ਦੇ ਵਿਦਿਅਕ ਅਤੇ ਮਨੋਰੰਜਨ ਅਨੁਭਵ ਨੂੰ ਵਧਾਉਣ ਲਈ ਇੱਕ ਅਤਿ-ਆਧੁਨਿਕ ਡਾਇਨਾਸੌਰ ਪਾਰਕ ਵੀ ਸਥਾਪਤ ਕੀਤਾ ਗਿਆ ਏ।

---

ਫਤਹਿਗੜ੍ਹ ਸਾਹਿਬ ਵਿਖੇ ਸਰਹਿੰਦ ਨੈਸ਼ਨਲ ਹਾਈਵੇ 'ਤੇ ਬੀਤੀ ਦੇਰ ਰਾਤ ਇੱਕ ਖੜੇ ਟਰਾਲੇ ਵਿੱਚ ਦਿੱਲੀ ਤੋਂ ਕਟੜਾ ਜਾ ਰਹੀ ਇੱਕ ਬੱਸ ਟਕਰਾ ਜਾਣ ਕਾਰਨ ਬੱਸ ਡਰਾਈਵਰ ਦੀ ਮੌਤ ਹੋ ਗਈ ਤੇ 15 ਸਵਾਰੀਆਂ ਜ਼ਖਮੀ ਹੋ ਗਈਆਂ । ਮ੍ਰਿਤਕ ਡਰਾਈਵਰ ਦੀ ਪਛਾਣ

ਫ਼ਿਰੋਜ਼ਪੁਰ ਵਾਸੀ ਇੰਦਰਜੀਤ ਸਿੰਘ ਵਜੋਂ ਹੋਈ ਏ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਥਾਣਾ ਮੂਲੇਪੁਰ ਦੇ ਸਹਾਇਕ ਥਾਣੇਦਾਰ ਜਗਰੂਪ ਸਿੰਘ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ। ਉਨ੍ਹਾਂ ਦੱਸਿਆ ਕਿ ਬੱਸ ਵਿੱਚ ਸਵਾਰ ਕੁਝ ਯਾਤਰੀ ਮਾਤਾ ਵੈਸ਼ਨੋ ਦੇਵੀ ਦੇ ਦਰਸ਼ਨਾਂ ਲਈ ਮੱਥਾ ਟੇਕਣ ਜਾ ਰਹੇ ਸਨ। ਪੁਲਿਸ ਵੱਲੋਂ ਰਾਹਤ ਕਾਰਜ ਸ਼ੁਰੂ ਕਰਦਿਆਂ ਸਾਰੇ ਜ਼ਖ਼ਮੀਆਂ ਨੂੰ ਤੁਰੰਤ ਇਲਾਜ ਲਈ ਸਿਵਲ ਹਸਪਤਾਲ ਫ਼ਤਿਹਗੜ੍ਹ ਸਾਹਿਬ ਵਿਖੇ ਦਾਖਲ ਕਰਵਾਇਆ ਗਿਆ ਏ ਜਦਿਕ ਗੰਭੀਰ ਜ਼ਖਮੀਆਂ ਨੂੰ ਚੰਡੀਗੜ੍ਹ ਰੈਫਰ ਕੀਤਾ ਗਿਆ ਏ।

---------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਲੁਧਿਆਣਾ ਦੇ ਪੁਲਿਸ ਥਾਣਾ ਡਵੀਜ਼ਨ ਨੰਬਰ 8 ਵਿਚ ਤਾਇਨਾਤ ਸਹਾਇਕ ਸਬ-ਇੰਸਪੈਕਟਰ ਹਰਦੀਪ ਸਿੰਘ ਨੂੰ 14 ਹਜ਼ਾਰ ਰੁਪਏ ਰਿਸਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ। ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਹੈਬੋਵਾਲ ਕਲਾਂ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ‘ਤੇ ਗ੍ਰਿਫਤਾਰ ਕੀਤਾ ਗਿਆ ਏ। ਮੁਲਜ਼ਮ ਵਿਰੁੱਧ ਭ੍ਰਿਸਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਓਰੋ ਦੇ ਲੁਧਿਆਣਾ ਪੁਲਿਸ ਥਾਣਾ ਵਿਖੇ ਕੇਸ ਦਰਜ ਕਰ ਲਿਆ ਗਿਆ ਏ ਅਤੇ ਇਸ ਦੀ ਅਗਲੇਰੀ ਜਾਂਚ ਜਾਰੀ ਏ।

---

ਪੰਜਾਬ ਵਿੱਚ ਚੱਲ ਰਹੀ ਮੁਹਿੰਮ 'ਗੈਂਗਸਟਰਾਂ ਤੇ ਵਾਰ' ਦੇ 127ਵੇਂ ਦਿਨ ਪੰਜਾਬ ਪੁਲਿਸ ਨੇ ਬੀਤੇ ਕੱਲ੍ਹ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 369 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਇਸ ਦੌਰਾਨ ਪੁਲਿਸ ਟੀਮਾਂ ਨੇ 118 ਵਿਅਕਤੀਆਂ ਨੂੰ 9 ਹਥਿਆਰਾਂ ਸਮੇਤ ਗ੍ਰਿਫਤਾਰ ਕੀਤਾ ਏ । ਇਸ ਤੋਂ ਇਲਾਵਾ 88 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਏ, ਜਦੋਂ ਕਿ 12 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਸੂਬੇ ਦੇ ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93-946-93-946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਏ।

---

ਪਿਛਲੇ ਇੱਕ ਹਫ਼ਤੇ ਤੋਂ ਵੀ ਵੱਧ ਸਮੇਂ ਤੋਂ ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਨੂੰ ਪ੍ਰਭਾਵਿਤ ਕਰ ਰਹੀ ਅੱਤ ਦੀ ਗਰਮੀ ਅੱਜ ਆਖਰਕਾਰ ਘਟ ਗਈ ਏ। ਸਵੇਰੇ ਬਣੀ ਬੱਦਲਵਾਈ, ਹਲਕੀ ਹਵਾ ਅਤੇ ਬੂੰਦਾਬਾਂਦੀ ਨੇ ਤਾਪਮਾਨ ਨੂੰ ਘਟਾ ਦਿੱਤਾ। ਚੰਡੀਗੜ੍ਹ ਸਥਿਤ ਭਾਰਤੀ

ਮੌਸਮ ਵਿਭਾਗ ਨੇ ਦੋਵਾਂ ਰਾਜਾਂ ਵਿੱਚ ਅੱਜ ਲਈ ਵੱਖ-ਵੱਖ ਥਾਵਾਂ 'ਤੇ ਲੂਅ ਸਮੇਤ ਤੂਫ਼ਾਨ ਆਉਣ ਤੇ ਬਿਜਲੀ ਚਮਕਣ ਦੇ ਨਾਲ-ਨਾਲ ਤੇਜ਼ ਹਵਾਵਾਂ ਚੱਲਣ ਦੇ ਵੀ ਯੈਲੋ ਤੇ ਅਤੇ ਓਰੇਂਜ ਅਲਰਟ ਜਾਰੀ ਕੀਤੇ ਨੇ। ਕੱਲ੍ਹ 29 ਮਈ ਤੋਂ, ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕਈ ਥਾਵਾਂ 'ਤੇ 30 ਮਈ ਤੱਕ ਭਾਰੀ ਮੀਂਹ ਦੇ ਨਾਲ-ਨਾਲ ਅਜੇਹੇ ਮੌਸਮ ਦੇ ਹਾਲਾਤ ਰਹਿਣ ਦੀ ਚੇਤਾਵਨੀ ਜਾਰੀ ਕੀਤੀ ਗਏ ਏ। ਮੌਸਮ ਵਿਭਾਗ ਨੇ ਕੱਲ੍ਹ 29 ਮਈ ਨੂੰ ਚੰਡੀਗੜ੍ਹ ਅਤੇ ਪੰਜਾਬ ਦੇ ਪਠਾਨਕੋਟ, ਰੂਪਨਗਰ, ਮੋਹਾਲੀ ਅਤੇ ਫਤਿਹਗੜ੍ਹ ਸਾਹਿਬ ਵਿੱਚ ਭਾਰੀ ਮੀਂਹ ਦੇ ਨਾਲ-ਨਾਲ ਗੜੇਮਾਰੀ ਦਾ ਰੈੱਡ ਅਲਰਟ ਵੀ ਜਾਰੀ ਕੀਤਾ ਏ। ਹਰਿਆਣਾ ਦੇ ਪੰਚਕੂਲਾ, ਅੰਬਾਲਾ ਅਤੇ ਯਮੁਨਾਨਗਰ ਲਈ ਵੀ ਇਸੇ ਤਰ੍ਹਾਂ ਦੇ ਮੌਸਮ ਦੇ ਹਾਲਾਤ ਦਾ ਰੈੱਡ ਅਲਰਟ ਜਾਰੀ ਕੀਤਾ ਗਿਆ ਏ।

----------------------------------------------------